# ਰਾਜ ਵਿਦਿਅਕ ਖ਼ੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ

Azadi Ka Amrit Mahotsav

ਪੀ.ਐਸ.ਈ.ਬੀ. ਕੰਪਲੈਕਸ, ਵਿੱਦਿਆ ਭਵਨ, ਬਲਾਕ-ਈ, ਛੇਵੀਂ ਮੰਜਿਲ, ਫੇਜ਼-8, ਐਸ.ਏ.ਐਸ.ਨਗਰ, ਮੋਹਾਲੀ,
ਈਮੇਲ: directorscert@punjabeducation.gov.in, ਫੋਨ ਨੰ: 0172-2212221


ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
ਪੰਜਾਬ।

ਮੀਮੋ ਨੰ: SCERT/SCI/2022333811 ਮਿਤੀ: 21-12-2022

**ਵਿਸ਼ਾ: ਮਾਨਯੋਗ ਸਿੱਖਿਆ ਮੰਤਰੀ ਪੰਜਾਬ ਜੀ ਵੱਲੋਂ ਪੜ੍ਹੋ ਪੰਜਾਬ ਪੜ੍ਹਾਓ ਪੰਜਾਬ ਪ੍ਰੋਜੈਕਟ ਅਧੀਨ ਬਤੌਰ ਬੀ.ਐਮ./ਡੀ.ਐਮ. ਕੰਮ ਕਰਦੇ ਅਧਿਆਪਕਾਂ ਨੂੰ ਸਕੂਲਾਂ ਵਿੱਚ ਤੈਨਾਤ ਕਰਨ ਦੇ ਆਦੇਸ਼ਾਂ ਬਾਰੇ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਮਾਨਯੋਗ ਸਿੱਖਿਆ ਮੰਤਰੀ ਪੰਜਾਬ ਸ. ਹਰਜੋਤ ਸਿੰਘ ਬੈਂਸ ਜੀ ਵੱਲੋਂ ਮਿਤੀ 08-12-2022 ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਆਡੀਟੋਰੀਅਮ ਵਿਖੇ ਮਿਸ਼ਨ 100% ਦੇ ਲਾਂਚ ਪ੍ਰੋਗਰਾਮ ਦੌਰਾਨ "ਪੜ੍ਹੋ ਪੰਜਾਬ ਪੜ੍ਹਾਓ ਪੰਜਾਬ" ਪ੍ਰੋਜੈਕਟ ਅਧੀਨ ਬਤੌਰ ਬੀ.ਐਮ./ਡੀ.ਐਮ. ਕੰਮ ਕਰਦੇ ਅਧਿਆਪਕਾਂ ਨੂੰ ਤੁਰੰਤ ਸਕੂਲਾਂ ਵਿੱਚ ਤੈਨਾਤ ਕਰਨ ਦੇ ਆਦੇਸ਼ ਦਿੱਤੇ ਗਏ ਸਨ। ਇਹ ਹੁਕਮ ਸਿੱਖਿਆ ਵਿਭਾਗ ਪੰਜਾਬ ਵੱਲੋਂ ਮਿਸ਼ਨ-100 ਫੀਸਦੀ ਮੁਹਿੰਮ ਨੂੰ ਕਾਮਯਾਬ ਕਰਨ ਲਈ ਕੀਤੇ ਗਏ ਹਨ।

3.0 ਇਹਨਾਂ ਬੀ.ਐਮ./ਡੀ.ਐਮਜ਼ ਨੂੰ ਤੁਰੰਤ ਪ੍ਰਭਾਵ ਤੋਂ ਉਨ੍ਹਾਂ ਸਕੂਲਾਂ ਵਿੱਚ ਤੈਨਾਤ ਕੀਤਾ ਜਾਵੇ ਜਿਨ੍ਹਾਂ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਅਨੁਸਾਰ ਅਧਿਆਪਕਾਂ ਦੀ ਘਾਟ ਹੈ ਜਾਂ ਕਿਸੇ ਵਿਸ਼ਾ ਵਿਸ਼ੇਸ਼ ਦੇ ਅਧਿਆਪਕ ਦੀ ਘਾਟ ਹੈ।

4.0 ਇਹ ਪ੍ਰਬੰਧ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਅਧਿਆਪਕਾਂ ਦੀ ਘਾਟ ਨੂੰ ਧਿਆਨ ਵਿੱਚ ਰੱਖਦੇ ਹੋਏ ਨਿਰੋਲ ਆਰਜੀ ਤੌਰ ਤੇ ਕੀਤਾ ਜਾਵੇ।

5.0 ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਆਪਣੇ ਅਧੀਨ ਕੰਮ ਕਰਦੇ ਡੀ.ਐਮ./ਬੀ.ਐਮ. ਨੂੰ ਤੁਰੰਤ ਲੋੜਵੰਦ ਸਕੂਲਾਂ ਵਿੱਚ ਤਰਜੀਹ ਦੇ ਅਧਾਰ ਤੇ ਤੈਨਾਤ ਕਰਨਾ ਯਕੀਨੀ ਬਣਾਉਣਗੇ। ਜਿਆਦਾ ਲੋੜ ਵਾਲੇ ਸਕੂਲਾਂ ਨੂੰ ਪਹਿਲ ਦਿੱਤੀ ਜਾਵੇ। ਇਸ ਤੋਂ ਬਾਅਦ ਬਾਕੀ ਲੋੜਵੰਦ ਸਕੂਲਾਂ ਵਿੱਚ ਇਹਨਾਂ ਦੀ ਤੈਨਾਤੀ ਕੀਤੀ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।**

ਪਿੱਠ ਅੰਕਣ ਨੰਬਰ: ਉੱਕਤ ਮਿਤੀ: 21-12-2022

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ:

1. ਪੀ.ਏ.ਟੂ. ਮਾਨਯੋਗ ਸਿੱਖਿਆ ਮੰਤਰੀ ਜੀ।
2. ਪੀ.ਏ.ਟੂ. ਪ੍ਰਮੁੱਖ ਸਕੱਤਰ ਸਕੂਲ ਸਿੱਖਿਆ।
3. ਪੀ.ਏ.ਟੂ. ਡੀ.ਜੀ.ਐਸ.ਈ।
4. ਪੀ.ਏ.ਟੂ. ਡੀ.ਪੀ.ਆਈ.(ਸੈ.ਸਿ.)(ਐ.ਸਿ.)।
5. ਸਮੂਹ ਪ੍ਰਿੰਸੀਪਲ ਡਾਇਟ।
6. ਸਮੂਹ ਬੀ.ਐਮ./ਡੀ.ਐਮ.-ਪੜ੍ਹੋ ਪੰਜਾਬ ਪੜ੍ਹਾਓ ਪੰਜਾਬ।

**ਡਾਇਰੈਕਟਰ**

**ਰਾਜ ਵਿੱਦਿਅਕ ਖੋਜ਼ ਅਤੇ ਸਿਖਲਾਈ ਪ੍ਰੀਸ਼ਦ,ਪੰਜਾਬ।**